ਧਨਾਸਰੀ ਮਹਲਾ ੫ ॥ ਤ੍ਰਿਸਨਾ ਬੁਝੈ ਹਰਿ ਕੈ ਨਾਮਿ ॥ ਮਹਾ ਸੰਤੋਖੁ ਹੋਵੈ ਗੁਰ ਬਚਨੀ ਪ੍ਰਭ ਸਿਉ ਲਾਗੈ ਪੂਰਨ ਧਿਆਨੁ ॥੧॥ ਰਹਾਉ ॥ ਮਹਾ ਕਲੋਲ ਬੁਝਹਿ ਮਾਇਆ ਕੇ ਕਰਿ ਕਿਰਪਾ ਮੇਰੇ ਦੀਨ ਦਇਆਲ ॥ ਅਪਣਾ ਨਾਮੁ ਦੇਹਿ ਜਪਿ ਜੀਵਾ ਪੂਰਨ ਹੋਇ ਦਾਸ ਕੀ ਘਾਲ ॥ ੧॥ ਸਰਬ ਮਨੋਰਥ ਰਾਜ ਸੂਖ ਰਸ ਸਦ ਖੁਸੀਆ ਕੀਰਤਨੁ ਜਪਿ ਨਾਮ ॥ ਜਿਸ ਕੈ ਕਰਮਿ ਲਿਖਿਆ ਧੁਰਿ ਕਰਤੈ ਨਾਨਕ ਜਨ ਕੇ ਪੂਰਨ ਕਾਮ ॥੨॥੨੦॥੫੧॥ {ਪੰਨਾ 682-683}

ਪਦਅਰਥ:- ਕੈ ਨਾਮਿ—ਦੇ ਨਾਮ ਦੀ ਰਾਹੀਂ। ਗੁਰ ਬਚਨੀ—ਗੁਰੂ ਦੇ ਬਚਨਾਂ ਉਤੇ ਤੁਰਿਆਂ। ਸਿਉ—ਨਾਲ। ਧਿਆਨੁ—ਲਗਨ।1। ਰਹਾਉ।

ਕਲੋਲ—ਚੋਜ ਤਮਾਸ਼ੇ, ਨਖ਼ਰੇ। ਬੁਝਹਿ—ਬੁੱਝ ਜਾਂਦੇ ਹਨ, ਪ੍ਰਭਾਵ ਨਹੀਂ ਪਾ ਸਕਦੇ। ਦੀਨ ਦਇਆਲ—ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਜਪਿ—ਜਪ ਕੇ। ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਾਂ। ਪੂਰਨ—ਸਫਲ। ਘਾਲ—ਮੇਹਨਤ।1।

ਸਰਬ—ਸਾਰੇ। ਮਨੋਰਥ—ਮੁਰਾਦਾਂ। ਸਦ—ਸਦਾ। ਜਪਿ—ਜਪ ਕੇ। ਜਿਸ ਕੈ ਕਰਮਿ—ਜਿਸ ਦੀ ਕਿਸਮਤਿ ਵਿਚ {ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੈ' ਦੇ ਕਾਰਨ ਉੱਡ ਗਿਆ ਹੈ}। ਧੁਰਿ—ਧੁਰ ਦਰਗਾਹ ਤੋਂ। ਕਰਤੈ—ਕਰਤਾਰ ਨੇ। ਪੂਰਨ—ਸਫਲ।2।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਜੁੜਿਆਂ (ਮਾਇਆ ਦੀ) ਤ੍ਰੇਹ ਬੁੱਝ ਜਾਂਦੀ ਹੈ। ਗੁਰੂ ਦੀ ਬਾਣੀ ਦਾ ਆਸਰਾ ਲਿਆਂ (ਮਨ ਵਿਚ) ਬੜਾ ਸੰਤੋਖ ਪੈਦਾ ਹੋ ਜਾਂਦਾ ਹੈ, ਤੇ, ਪਰਮਾਤਮਾ ਦੇ ਚਰਨਾਂ ਵਿਚ ਪੂਰੇ ਤੌਰ ਤੇ ਸੁਰਤਿ ਜੁੜ ਜਾਂਦੀ ਹੈ।1। ਰਹਾਉ।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ! ਜਿਸ ਮਨੁੱਖ ਉਤੇ ਤੂੰ ਕਿਰਪਾ ਕਰਦਾ ਹੈਂ, ਮਾਇਆ ਦੇ ਰੰਗ-ਤਮਾਸ਼ੇ ਉਸ ਉੱਤੇ ਪ੍ਰਭਾਵ ਨਹੀਂ ਪਾ ਸਕਦੇ। ਹੇ ਪ੍ਰਭੂ! (ਮੈਨੂੰ ਭੀ) ਆਪਣਾ ਨਾਮ ਬਖ਼ਸ਼, ਤੇਰਾ ਨਾਮ ਜਪ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਸਕਾਂ, ਤੇਰੇ (ਇਸ) ਦਾਸ ਦੀ ਮੇਹਨਤ ਸਫਲ ਹੋ ਜਾਏ।1।

ਹੇ ਭਾਈ! ਪਰਮਾਤਮਾ ਦਾ ਨਾਮ ਜਪ ਕੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਕੇ ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ (ਮਾਨੋ) ਰਾਜ ਦੇ ਸੁਖ ਤੇ ਰਸ ਮਿਲ ਜਾਂਦੇ ਹਨ, ਸਦਾ ਆਨੰਦ ਬਣਿਆ ਰਹਿੰਦਾ ਹੈ। (ਪਰ) ਹੇ ਨਾਨਕ! ਕਰਤਾਰ ਨੇ ਜਿਸ ਮਨੁੱਖ ਦੀ ਕਿਸਮਤ ਵਿਚ ਦੁਰ ਦਰਗਾਹ ਤੋਂ (ਇਹ ਨਾਮ ਦੀ ਦਾਤਿ) ਲਿਖ ਦਿੱਤੀ, ਉਸ ਮਨੁੱਖ ਦੇ (ਹੀ) ਸਾਰੇ ਕਾਰਜ ਸਫਲ ਹੁੰਦੇ ਹਨ।2। 20। 51।